# ਰੋਜ਼ਾਨਾ ਅਜੀਤ (ਜਲੰਧਰ)



## ਧਰਮ ਪ੍ਰਚਾਰ ਕਮੇਟੀ ਦੀ ਧਾਰਮਿਕ ਪ੍ਰੀਖਿਆ ਦੇ ਇਤਿਹਾਸ 'ਚ ਨਵਾਂ ਮੋੜ

ਅੰਮ੍ਰਿਤਸਰ, 27 ਸਤੰਬਰ (ਬਹੋੜੂ)-ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਹਰ ਸਾਲ ਪੂਰੇ ਭਾਰਤ ਵਿਚੋਂ ਵੱਖ-ਵੱਖ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ, ਜਿਸ ਵਿਚ 6ਵੀਂ ਕਲਾਸ ਤੋਂ ਲੈ ਕੇ ਪੋਸਟ ਗ੍ਰੈਜੂਏਸ਼ਨ ਕਲਾਸ ਤੱਕ ਰੈਗੂਲਰ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਹਿੱਸਾ ਲੈਂਦੇ ਹਨ। ਇਸ ਪ੍ਰੀਖਿਆ ਨੂੰ ਦਰਜਾ ਪਹਿਲਾ, ਦੂਜਾ, ਤੀਜਾ ਅਤੇ ਚੌਥਾ ਅਨੁਸਾਰ ਚਾਰ ਦਰਜਿਆਂ ਵਿਚ ਵੰਡਿਆ ਗਿਆ ਹੈ। ਇਨ੍ਹਾਂ ਦਰਜਿਆਂ ਵਿਚ ਸ਼ਾਮਿਲ ਹੋਏ ਵਿਦਿਆਰਥੀਆਂ ਵਿਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਕਰਮਵਾਰ 1100, 2100, 3100 ਅਤੇ 4100 ਰੁਪਏ ਸਾਲਾਨਾ ਵਜ਼ੀਫਾ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਹਰ ਦਰਜੇ ਵਿਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਕਰਮਵਾਰ 2100, 1500 ਅਤੇ 1100 ਰੁਪਏ ਵਿਸ਼ੇਸ਼ ਇਨਾਮ ਵਜੋਂ ਦਿੱਤੇ ਜਾਂਦੇ ਹਨ। ਇਸ ਪ੍ਰੀਖਿਆ ਦੇ ਦਾਖਲੇ ਤੋਂ ਲੈ ਕੇ ਸਰਟੀਫਿਕੇਟ ਤਿਆਰ ਕਰਨ ਤੀਕ ਦੇ ਕੰਮਕਾਰ ਨੂੰ ਅਤਿ ਆਧੁਨਿਕ ਤਰੀਕੇ ਨਾਲ ਕਰਨ, ਕਰਵਾਉਣ ਲਈ ਧਰਮ ਪਚਾਰ ਕਮੇਟੀ ਦੇ ਸਕੱਤਰ ਸ: ਸਤਿਬੀਰ ਸਿੰਘ ਦੀ ਅਗਵਾਈ ਹੇਠ ਧਾਰਮਿਕ ਪ੍ਰੀਖਿਆ ਵਿਭਾਗ ਦੇ ਇੰਚਾਰਜ ਸ: ਗੁਰਬਚਨ ਸਿੰਘ ਵੱਲੋਂ ਵਿਭਾਗ ਲਈ ਵਿਸ਼ੇਸ਼ ਸੌਫਟਵੇਅਰ ਤਿਆਰ ਕਰਵਾ ਕੇ ਨਵੰਬਰ 2011 ਵਿਚ ਹੋਣ ਵਾਲੀ ਧਾਰਮਿਕ ਪ੍ਰੀਖਿਆ ਦੇ ਕੰਮਕਾਰ ਨੂੰ ਨਵੀਨਤਮ ਢੰਗ ਨਾਲ ਸ਼ੁਰੂ ਕਰਨ ਲਈ ਕੀਤੇ ਉਪਰਾਲੇ ਦਾ 'ਮੂਲ ਮੰਤਰ' ਦੇ ਜਾਪ ਉਪਰੰਤ ਰਸਮੀ ਤੌਰ 'ਤੇ ਸ: ਸਤਿਬੀਰ ਸਿੰਘ ਸਕੱਤਰ ਧਰਮ ਪ੍ਰਚਾਰ ਕਮੇਟੀ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਸਾਫਟਵੇਅਰ ਨਾਲ ਸਾਨੂੰ ਸਮੇਂ ਦਾ ਹਾਣੀ ਹੋਣ ਦਾ ਮਾਣ ਹਾਸਲ ਹੋਇਆ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਸ: ਬਲਬੀਰ ਸਿੰਘ, ਕੁਲਦੀਪ ਸਿੰਘ ਬਾਵਾ, ਹਰਭਜਨ ਸਿੰਘ ਮਨਾਂਵਾਂ, ਬਿਜੈ ਸਿੰਘ, ਸੁਪਰਡੈਂਟ ਸੰਤੋਖ ਸਿੰਘ, ਸੁਪਰਵਾਈਜ਼ਰ ਧਾਰਮਿਕ ਪ੍ਰੀਖਿਆ ਤੇਜਿੰਦਰ ਸਿੰਘ ਪੱਡਾ, ਸੰਪਾਦਕ ਗੁਰਮਤਿ ਪ੍ਰਕਾਸ਼ ਸਿਮਰਜੀਤ ਸਿੰਘ, ਇੰਚਾਰਜ ਅਮਲਾ ਪਰਮਜੀਤ ਸਿੰਘ, ਅਕਾਊਂਟੈਂਟ ਪਰਉਪਕਾਰ ਸਿੰਘ, ਇੰਚਾਰਜ ਗੁਰਮਤਿ ਪ੍ਰਕਾਸ਼ ਪਰਮਜੀਤ ਸਿੰਘ, ਇੰਚਾਰਜ ਸਹਾਇਤਾ ਗੁਰਮੀਤ ਸਿੰਘ ਅਤੇ ਜਗਜੀਤ ਸਿੰਘ, ਬੀਬੀ ਰਵਿੰਦਰ ਕੌਰ ਕੰਪਿਊਟਰ ਅਪਰੇਟਰ ਹਾਜ਼ਰ ਸੀ।



ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁ: ਪ੍ਰ: ਕਮੇਟੀ) ਦੀ ਧਾਰਮਿਕ ਪ੍ਰੀਖਿਆ ਵਿਭਾਗ ਦੇ ਕੰਪਿਊਟਰੀਕਰਨ ਅਤੇ ਨਵੇਂ ਸਾਫ਼ਟਵੇਅਰ ਦਾ ਸ਼ੁੱਭ ਆਰੰਭ ਕਰਦੇ ਹੋਏ ਸਕੱਤਰ (ਪ੍ਰ:) ਸ: ਸਤਿਬੀਰ ਸਿੰਘ ਅਤੇ ਹੋਰ ਅਧਿਕਾਰੀ। ਅਜੀਤ ਤਸਵੀਰ